**ਕਾਨੜਾ ਮਹਲਾ ੫ ॥ ਸਿਮਰਤ ਨਾਮੁ ਮਨਹਿ ਸੁਖੁ ਪਾਈਐ ॥ ਸਾਧ ਜਨਾ ਮਿਲਿ ਹਰਿ ਜਸੁ ਗਾਈਐ ॥੧॥ ਰਹਾਉ ॥ ਕਰਿ ਕਿਰਪਾ ਪ੍ਰਭ ਰਿਦੈ ਬਸੇਰੋ ॥ ਚਰਨ ਸੰਤਨ ਕੈ ਮਾਥਾ ਮੇਰੋ ॥ ੧॥ ਪਾਰਬ੍ਰਹਮ ਕਉ ਸਿਮਰਹੁ ਮਨਾਂ ॥ ਗੁਰਮੁਖਿ ਨਾਨਕ ਹਰਿ ਜਸੁ ਸੁਨਾਂ ॥੨॥੯॥੨੮॥** {ਪੰਨਾ 1303}

ਪਦ ਅਰਥ:- ਸਿਮਰਤ—ਸਿਮਰਦਿਆਂ। ਮਨਹਿ—ਮਨ ਵਿਚ। ਪਾਈਐ—ਪ੍ਰਾਪਤ ਕਰ ਲਈਦਾ ਹੈ। ਮਿਲਿ—ਮਿਲ ਕੇ। ਜਸੁ—ਸਿਫ਼ਤਿ-ਸਾਲਾਹ। ਗਾਈਐ—ਗਾਣਾ ਚਾਹੀਦਾ ਹੈ।1। ਰਹਾਉ।

ਪ੍ਰਭ—ਹੇ ਪ੍ਰਭੂ! ਰਿਦੈ—ਹਿਰਦੇ ਵਿਚ। ਬਸੇਰੋ—ਟਿਕਾਣਾ। ਚਰਨ ਸੰਤਨ ਕੈ—ਸੰਤ ਜਨਾਂ ਦੇ ਚਰਨਾਂ ਉੱਤੇ।1।

ਕਉ—ਨੂੰ। ਮਨਾਂ—ਹੇ ਮਨ! ਗੁਰਮੁਖਿ—ਗੁਰੂ ਦੀ ਸਰਨ ਪੈ ਕੇ। ਸੁਨਾਂ—ਸੁਣਾਂ।1।

ਅਰਥ:- ਹੇ ਭਾਈ! ਸੰਤ ਜਨਾਂ ਦੀ ਸੰਗਤਿ ਵਿਚ ਮਿਲ ਕੇ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦਾ ਗੀਤ ਗਾਂਦੇ ਰਹਿਣਾ ਚਾਹੀਦਾ ਹੈ (ਕਿਉਂਕਿ) ਪਰਮਾਤਮਾ ਦਾ ਨਾਮ ਸਿਮਰਦਿਆਂ ਮਨ ਵਿਚ ਆਨੰਦ ਪ੍ਰਾਪਤ ਕਰ ਸਕੀਦਾ ਹੈ।1। ਰਹਾਉ।

ਹੇ ਪ੍ਰਭੂ! ਮਿਹਰ ਕਰ ਕੇ (ਮੇਰੇ) ਹਿਰਦੇ ਵਿਚ (ਆਪਣਾ) ਟਿਕਾਣਾ ਬਣਾਈ ਰੱਖ। ਹੇ ਪ੍ਰਭੂ! ਮੇਰਾ ਮੱਥਾ (ਤੇਰੇ) ਸੰਤ ਜਨਾਂ ਦੇ ਚਰਨਾਂ ਉਤੇ ਟਿਕਿਆ ਰਹੇ।1।

ਹੇ ਨਾਨਕ! (ਆਖ—) ਹੇ (ਮੇਰੇ) ਮਨ! ਪਰਮਾਤਮਾ ਦਾ ਨਾਮ ਸਿਮਰਦਾ ਰਹੁ। ਗੁਰੂ ਦੀ ਸਰਨ ਪੈ ਕੇ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦਾ ਗੀਤ ਸੁਣਿਆ ਕਰ।2।9। 28।